ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ ਬਾਵਾ,
ਮਾਰਫ਼ਤ ਸ਼੍ਰੀ ਗੁਰਲਾਭ ਸਿੰਘ,
ਮਕਾਨ ਨੰ:226, ਵਾਰਡ ਨੰ:6,
ਪ੍ਰੀਤ ਨਗਰ, ਸਰਹਿੰਦ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸ੍ਰੀ ਗੁਰੂ ਗਰੰਥ ਸਾਹਿਬ ਵਰਲਡ ਯੂਨਵਰਸਿਟੀ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਸ੍ਰੀ ਗੁਰੂ ਗਰੰਥ ਸਾਹਿਬ ਵਰਲਡ ਯੂਨਵਰਸਿਟੀ,
ਫਤਿਹਗੜ੍ਹ ਸਾਹਿਬ। -------ਉੱਤਰਦਾਤਾ

**ਅਪੀਲ ਕੇਸ ਨੰ:4233 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ ਬਾਵਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਜੀਤ ਸਿੰਘ ਵਰਮਾ, ਡਾਟਾ ਐਂਟਰੀ ਓਪਰੇਟਰ-ਕਮ-ਕਲਰਕ (99141-24222)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-06-2018, ਲੋਕ ਸੂਚਨਾ ਅਧਿਕਾਰੀ ਦਫਤਰ ਸ੍ਰੀ ਗੁਰੂ ਗਰੰਥ ਸਾਹਿਬ ਵਰਲਡ ਯੂਨਵਰਸਿਟੀ, ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਯੂਨੀਵਰਸਿਟੀ ਦੇ ਕਰਮਚਾਰੀਆਂ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 12-02-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਜੀਤ ਸਿੰਘ ਵਰਮਾ, ਡਾਟਾ ਐਂਟਰੀ ਓਪਰੇਟਰ-ਕਮ-ਕਲਰਕ ਨੇ ਪੱਤਰ ਨੰ:219/ਆਰ.ਟੀ.ਆਈ., ਮਿਤੀ 08-02-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਨੁਕਤਵਾਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਐਸ.ਸੀ.ਡੀ. ਸਰਕਾਰੀ ਕਾਲਿਜ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਐਸ.ਸੀ.ਡੀ. ਸਰਕਾਰੀ ਕਾਲਿਜ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4242 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਰਿੰਦਰ ਪਾਲ ਸ਼ਰਮਾ, ਪ੍ਰਬੰਧ ਅਫਸਰ(98889-00202) ਅਤੇ ਸ਼੍ਰੀਮਤੀ ਕਿਰਨਜੀਤ ਕੌਰ, ਕਲਰਕ (98157-37448)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਐਸ.ਸੀ.ਡੀ. ਸਰਕਾਰੀ ਕਾਲਿਜ,ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2008 ਤੋਂ 08-03-2018 ਤੱਕ ਕਾਲਿਜ ਵੱਲੋਂ ਰਾਜ ਸਰਕਾਰ ਜਾਂ ਕੇਂਦਰੀ ਸਰਕਾਰ ਕੋਲੋ ਪ੍ਰਾਪਤ ਕੀਤੀਆਂ ਵਿੱਤੀ ਗਰਾਂਟਾਂ/ਸਬਸਿਡੀਜ਼/ਚੈਰਿਟੀਜ਼ ਅਤੇ ਇਨ੍ਹਾਂ ਦੀ ਅਲਾਟਮੈਂਟ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਵੀ ਆਪਣੀ ਈ.ਮੇਲ., ਮਿਤੀ 12-02-2019 ਰਾਹੀਂ ਕਮਿਸ਼ਨ ਨੂੰ ਸਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਰਿੰਦਰ ਪਾਲ ਸ਼ਰਮਾ, ਪ੍ਰਬੰਧ ਅਫਸਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਹੁਤ ਜ਼ਿਆਦਾ ਮਾਤਰਾ ਵਿੱਚ ਹੋਣ ਕਾਰਨ ਉਸ ਨੂੰ ਰਿਕਾਰਡ ਦੀ ਫਿਜ਼ੀਕਲ ਵੈਰੀਫਿਕੇਸ਼ਨ ਲਈ ਬੁਲਾਇਆ ਗਿਆ ਸੀ। ਅਪੀਲਕਰਤਾ ਵੱਲੋਂ ਰਿਕਾਰਡ ਦੇ 79 ਦਸਤਾਵੇਜਾਂ ਦੀ

ਚਲਦਾ---ਪੰਨਾ/2

**<u>ਅਪੀਲ ਕੇਸ ਨੰ:4242 ਆਫ਼ 2018</u>**

ਫਿਜ਼ੀਕਲ ਫੈਰੀਫਿਕੇਸ਼ਨ ਮਿਤੀ 08-05-2018 ਨੂੰ ਕਰ ਲਈ ਗਈ ਸੀ ਅਤੇ ਬਾਕੀ ਦੇ ਰਿਕਾਰਡ ਦੀ ਚੈਕਿੰਗ ਅਗਲੇ ਦਿਨ ਕਰਨ ਦਾ ਜ਼ੁਬਾਨੀ ਇਕਰਾਰ ਕੀਤਾ ਗਿਆ ਸੀ ਪਰੰਤੂ ਉਸ ਤੋਂ ਬਾਅਦ ਉਹ ਉੱਤਰਦਾਤਾ ਦੇ ਦਫ਼ਤਰ ਨਹੀਂ ਗਏ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਆਰ.ਟੀ.-2/10402, ਮਿਤੀ 18-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਅਪੀਲਕਰਤਾ ਕਿਸੇ ਵੀ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਆ ਕੇ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਜਦੋਂ ਵੀ ਉਨ੍ਹਾਂ ਦਾ ਦਫ਼ਤਰ ਆਵੇ ਉਸ ਨੂੰ ਉਸ ਦੀ ਆਰੀ.ਟੀ.ਆਈ. ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਕੇ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਨਿਯਮਾਂ ਅਨੁਸਾਰ ਬਣਦੀ ਫੀਸ ਲੈ ਕੇ ਮੁਹੱਈਆ ਕਰ ਦਿੱਤੀ ਜਾਵੇ।ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 12 **ਫਰਵਰੀ,** 2019.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਐਸ.ਸੀ.ਡੀ. ਸਰਕਾਰੀ ਕਾਲਿਜ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਐਸ.ਸੀ.ਡੀ. ਸਰਕਾਰੀ ਕਾਲਿਜ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4243 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਰਿੰਦਰ ਪਾਲ ਸ਼ਰਮਾ, ਪ੍ਰਬੰਧ ਅਫਸਰ(98889-00202) ਅਤੇ ਸ਼੍ਰੀਮਤੀ ਕਿਰਨਜੀਤ ਕੌਰ, ਕਲਰਕ (98157-37448)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਐਸ.ਸੀ.ਡੀ. ਸਰਕਾਰੀ ਕਾਲਿਜ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਾਰੀਆਂ ਕੰਟੀਨਾਂ/ਰੈਸਟੋਰੈਂਟਾਂ ਅਤੇ ਮੈੱਸ ਕੰਟੀਨਾਂ ਦੀ ਅਲਾਟਮੈਂਟ ਨਾਲ ਸਬੰਧਤ ਪਿਛਲੇ 15 ਵਿੱਤੀ ਸਾਲਾਂ ਦੇ ਰਿਕਾਰਡ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਵੀ ਆਪਣੀ ਈ.ਮੇਲ., ਮਿਤੀ 12-02-2019 ਰਾਹੀਂ ਕਮਿਸ਼ਨ ਨੂੰ ਸਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਨਰਿੰਦਰ ਪਾਲ ਸ਼ਰਮਾ, ਪ੍ਰਬੰਧ ਅਫਸਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਹੁਤ ਜ਼ਿਆਦਾ ਮਾਤਰਾ ਵਿੱਚ ਹੋਣ ਕਾਰਨ ਉਸ ਨੂੰ ਰਿਕਾਰਡ ਦੀ ਫਿਜ਼ੀਕਲ ਵੈਰੀਫਿਕੇਸ਼ਨ ਲਈ ਬੁਲਾਇਆ ਗਿਆ ਸੀ। ਅਪੀਲਕਰਤਾ ਵੱਲੋਂ ਰਿਕਾਰਡ ਦੇ 79 ਦਸਤਾਵੇਜਾਂ ਦੀ ਫਿਜ਼ੀਕਲ ਫੈਰੀਫਿਕੇਸ਼ਨ ਮਿਤੀ 08-05-2018 ਨੂੰ ਕਰ ਲਈ ਗਈ ਸੀ ਅਤੇ ਬਾਕੀ ਦੇ ਰਿਕਾਰਡ ਦੀ ਚੈਕਿੰਗ ਅਗਲੇ

ਚਲਦਾ---ਪੰਨਾ/2

**<u>ਅਪੀਲ ਕੇਸ ਨੰ:4243 ਆਫ਼ 2018</u>**

ਦਿਨ ਕਰਨ ਦਾ ਜ਼ਬਾਨੀ ਇਕਰਾਰ ਕੀਤਾ ਗਿਆ ਸੀ ਪਰੰਤੂ ਉਸ ਤੋਂ ਬਾਅਦ ਉਹ ਉੱਤਰਦਾਤਾ ਦੇ ਦਫ਼ਤਰ ਨਹੀਂ ਗਏ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਆਰ.ਟੀ.-2/10402, ਮਿਤੀ 18-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਅਪੀਲਕਰਤਾ ਕਿਸੇ ਵੀ ਕੰਮ ਵਾਲੇ ਦਿਨ ਉਨ੍ਹਾਂ ਦੇ ਦਫ਼ਤਰ ਆ ਕੇ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਬਣਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਪ੍ਰਾਪਤ ਕਰ ਸਕਦਾ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਜਦੋਂ ਵੀ ਉਨ੍ਹਾਂ ਦਾ ਦਫ਼ਤਰ ਆਵੇ ਉਸ ਨੂੰ ਉਸ ਦੀ ਆਰੀ.ਟੀ.ਆਈ. ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਕੇ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਨਿਯਮਾਂ ਅਨੁਸਾਰ ਬਣਦੀ ਫੀਸ ਲੈ ਕੇ ਮੁਹੱਈਆ ਕਰ ਦਿੱਤੀ ਜਾਵੇ।ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਵਿੰਦਰ ਸਿੰਘ ਸੰਧੂ (98151-33151)
#52, ਪ੍ਰੋਫੈਸਰ ਐਨਕਲੇਵ,
ਸਾਹਮਣੇ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4265 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਹਰਮਨਜੀਤ ਸਿੰਘ, ਅਡਵੋਕੇਟ ਅਤੇ ਸ਼੍ਰੀ ਜ਼ਸਕਰਨ ਸਿੰਘ, (94630-20780)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਚਮਕੌਰ ਸਿੰਘ ਦੀ ਸਕਾਲਰਸ਼ਿੱਪ ਆਦਿ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ 30-01-2019 ਨੂੰ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:959/ਐਸ-7/850-18/ਆਰ.ਟੀ.ਆਈ. ਸੈੱਲ, ਮਿਤੀ 06-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਨੇ ਇਸ ਕੇਸ ਨੂੰ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਤਿਨ ਅਰੋੜਾ, ਐਡਵੋਕੇਟ, (75289-04545)
ਚੈਂਬਰ ਨੰ:115,ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4266 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਹਰਮਨਜੀਤ ਸਿੰਘ, ਐਡਵੋਕੇਟ ਅਤੇ ਸ਼੍ਰੀ ਜ਼ਸਕਰਨ ਸਿੰਘ, (94630-20780)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98768-84444)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਚਮਕੌਰ ਸਿੰਘ ਦੀ ਸਕਾਲਰਸ਼ਿੱਪ ਆਦਿ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਨੁਕਤਾਵਾਰ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 07-02-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1061-64/ਐਸ-।।/852- 18/ਆਰ.ਟੀ.ਆਈ. ਸੈੱਲ, ਮਿਤੀ 08-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜਦੋਂ ਸੂਚਨਾ ਪ੍ਰਾਪਤ ਹੋ ਜਾਵੇ ਤੇ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਵਿੰਦਰ ਸਿੰਘ ਸੰਧੂ (98151-33151)
#52, ਪ੍ਰੋਫੈਸਰ ਐਨਕਲੇਵ,
ਸਾਹਮਣੇ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4267 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਹਰਮਨਜੀਤ ਸਿੰਘ, ਅਡਵੋਕੇਟ ਅਤੇ ਸ਼੍ਰੀ ਜ਼ਸਕਰਨ ਸਿੰਘ, (94630-20780)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨੀਲਮ ਕੁਮਾਰੀ, ਰਿਸਰਚ ਸਕਾਲਰ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ 29-01-2019 ਨੂੰ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:955/ਐਸ-।/851-18/ਆਰ.ਟੀ.ਆਈ. ਸੈੱਲ, ਮਿਤੀ 06-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਨੇ ਇਸ ਕੇਸ ਨੂੰ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਤਿਨ ਅਰੋੜਾ, ਐਡਵੋਕੇਟ, (75289-04545)
ਚੈਂਬਰ ਨੰ:115,ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਵਾਈਸ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4268 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਹਰਮਨਜੀਤ ਸਿੰਘ, ਅਡਵੋਕੇਟ ਅਤੇ ਸ਼੍ਰੀ ਜ਼ਸਕਰਨ ਸਿੰਘ, (94630-20780)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98768-84444)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨੀਲਮ ਕੁਮਾਰੀ, ਰਿਸਰਚ ਸਕਾਲਰ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਨੁਕਤਾਵਾਰ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਮਿਤੀ 01-02-2019 ਨੂੰ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1053/ਐਸ-5/853-18/ ਆਰ.ਟੀ.ਆਈ. ਸੈੱਲ, ਮਿਤੀ 08-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਕਰਨ ਸਿੰਘ, ਨੇ ਇਸ ਕੇਸ ਨੂੰ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ (90410-04313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਸੁਨਾਮ,
ਜ਼ਿਲ੍ਹਾ ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4271 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਸੁਨਾਮ,ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਵੱਛ ਅਭਿਆਨ ਤਹਿਤ ਨਗਰ ਕੌਂਸਿਲ ਕੋਲ ਹੋਣ ਵਾਲੀਆਂ ਡਸਟਬਿੰਨਾਂ ਆਦਿ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਪੱਤਰ ਨੰ:4346, ਮਿਤੀ 11-02-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਵੀ ਦੱਸਿਆ ਗਿਆ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340 ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4272 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਕੁਮਾਰ, ਐਸੋਸੀਏਟ ਪ੍ਰੋਫੈਸਰ (94173-90699)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-04-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਕਾਲਿਜ (ਲੜਕੀਆਂ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਾਲਿਜ ਵੱਲੋਂ ਮਿਤੀ 01-01-2008 ਤੋਂ ਲੈ ਕੇ 08-03-2018 ਤੱਕ ਰਾਜ ਸਰਕਾਰ ਜਾਂ ਕੇਂਦਰੀ ਸਰਕਾਰ ਕੋਲੋ ਪ੍ਰਾਪਤ ਕੀਤੀਆਂ ਗਈਆਂ ਸਾਰੀਆਂ ਵਿੱਤੀ ਗਰਾਂਟਾਂ/ਸਬਸਿਡੀਜ਼/ਚੈਰਿਟੀਜ਼ ਅਤੇ ਉਨ੍ਹਾਂ ਦੀ ਅਲਾਟਮੈਂਟ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਵੀ ਆਪਣੀ ਈ.ਮੇਲ., ਮਿਤੀ 12-02-2019 ਰਾਹੀਂ ਕਮਿਸ਼ਨ ਨੂੰ ਸਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਕੁਮਾਰ, ਐਸੋਸੀਏਟ ਪ੍ਰੋਫੈਸਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1534, ਮਿਤੀ 21-08-2018 ਰਾਹੀਂ ਜਵਾਬ ਭੇਜਿਆ ਜਾ ਚੁੱਕਾ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜਿਆ ਗਿਆ ਜਵਾਬ ਕਮਿਸ਼ਨ ਵੱਲੋਂ ਘੋਖਣ ਉਪਰੰਤ ਨਾ-ਤਸੱਲੀਬਖਸ਼ ਪਾਇਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਸੂਚਨਾ ਸਬੰਧੀ ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਡਿੰਪਲ, (98782-13838)
ਪੁੱਤਰੀ ਸ਼੍ਰੀ ਮਹਾਂਦੇਵ,
#948/3, ਖਾਲਸਾ ਮੁਹੱਲਾ।
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰਸਰਕਾਰੀ ਮੈਡੀਕਲ ਕਾਲਿਜ,
ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ:4318 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਮਿਤਾ ਸ਼ਰਮਾ, ਸੀਨੀਅਰ ਸਹਾਇਕ(98762-19747)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-03-2018, ਲੋਕ ਸੂਚਨਾ ਅਧਿਕਾਰੀ ਦਫਤਰ ਸਰਕਾਰੀ ਮੈਡੀਕਲ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਪਿਤਾ, ਸ਼੍ਰੀ ਮਹਾਂਦੇਵ ਜਿਹੜੇ ਕਿ ਰਜਿੰਦਰਾ ਹਸਪਤਾਲ ਵਿਖੇ ਸੀ.ਆਰ. ਨੰ:24067, ਮਿਤੀ 01-07-2016 ਤਹਿਤ ਦਾਖਲ ਰਹੇ ਸਨ, ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਸ਼੍ਰੀਮਤੀ ਅਮਿਤਾ ਸ਼ਰਮਾ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਕੁੱਝ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਬਾਕੀ ਰਹਿੰਦੀ ਸੂਚਨਾ ਆਪਣੇ ਨਾਲ ਲੈ ਕੇ ਆਈ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਭੇਜੀ ਗਈ ਸੂਚਨਾ ਬਾਰੇ ਆਪਣੇ ਪੱਤਰ ਨੰ:ਆਰ.ਟੀ.ਆਈ./2019/13, ਮਿਤੀ 23-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਅੱਜ ਪੇਸ਼ ਕੀਤੀ ਗਈ ਸੂਚਨਾ ਉਸ ਨੂੰ ਵਾਪਸ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਵਰਿੰਗ ਪੱਤਰ, ਸਮੇਤ ਪੋਸਟਲ ਰਸੀਦ ਦੀ ਕਾਪੀ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਅਪੀਲਕਰਤਾ ਅੱਜ ਪੇਸ਼ੀ ਸਮੇਂ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਵਿਕਰਮ ਵੈਦ, (98550-32897)
ਆਰ.ਟੀ.ਆਈ. ਐਕਟੀਵਿਸਟ ਅਤੇ
ਵਿਸਲ ਬਲੋਅਰ, #1527,
ਗਲੀ ਨੰ:2, ਬਾਗ ਰਾਮਾ ਨੰਦ,
ਅੰਮ੍ਰਿਤਸਰ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਮੈਡੀਕਲ ਅਫਸਰ,
ਸਿਵਲ ਹਸਪਤਾਲ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:848 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਕਰਮ ਵੈਦ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਡਾਕਟਰ ਰਾਕੇਸ਼ ਕੁਮਾਰ, ਮੈਡੀਕਲ ਅਫਸਰ (94171-64164)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-05-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਮੈਡੀਕਲ ਅਫਸਰ, ਸਿਵਲ ਹਸਪਤਾਲ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕੰਪਿਊਟਰ ਰਾਹੀਂ ਐਮ.ਐਲ.ਆਰ./ਪੀ.ਐਮ.ਆਰ. ਤਿਆਰ ਕਰਨ ਨਾਲ ਸਬੰਧਤ 18 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ_ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਨੇ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਦਸਤੀ ਦੇ ਦਿੱਤੀ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**